# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਿਛਲੇ ਤਿੰਨ-ਚਾਰ ਸਾਲਾਂ ਵਿੱਚ 8 ਕਰੋੜ ਨੌਕਰੀਆਂ ਸਿਰਜੀਆਂ ਗਈਆਂ ਨੇ।
- ਖਪਤਕਾਰ ਮਾਮਲਿਆਂ ਬਾਰੇ ਵਿਭਾਗ ਨੇ, ਪੈਕਟ ਬੰਦ ਸਮਾਨ ਵਿੱਚ ਇਕਸਾਰਤਾ ਬਣਾਈ ਰੱਖਣ ਲਈ, ਕਾਨੂੰਨੀ ਮੈਟਰੋਲੋਜੀ (ਪੈਕੇਜਡ ਵਸਤੂਆਂ) ਬਾਰੇ ਨਿਯਮ, 2011 ਵਿੱਚ ਸੋਧਾਂ ਦੀ ਤਜ਼ਵੀਜ ਕੀਤੀ ।
- ਪੰਜਾਬ ਦੇ ਬਾਗ਼ਬਾਨੀ ਮੰਤਰੀ ਅਤੇ ਡੈਨਮਾਰਕ ਦੇ ਰਾਜਦੂਤ ਵੱਲੋਂ, ਖੇਤੀਬਾੜੀ ਖੇਤਰ 'ਚ ਭਾਈਵਾਲੀ ਬਾਰੇ ਵਿਆਪਕ ਚਰਚਾ ।
- ਜਲੰਧਰ ਕਮਿਸ਼ਨਰੇਟ ਪੁਲਿਸ ਨੇ ਕੈਨੇਡਾ ਸਥਿਤ ਗੈਂਗਸਟਰ ਲਖਬੀਰ ਲੰਡਾ ਦੇ 5 ਹੋਰ ਕਾਰਕੁਨਾਂ ਨੂੰ, ਹਥਿਆਰਾਂ ਸਮੇਤ ਗ੍ਰਿਫਤਾਰ ਕੀਤਾ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਿਛਲੇ ਤਿੰਨ-ਚਾਰ ਸਾਲਾਂ ਵਿੱਚ 8 ਕਰੋੜ ਨੌਕਰੀਆਂ ਸਿਰਜੀਆਂ ਗਈਆਂ ਨੇ । ਉਨ੍ਹਾਂ ਕਿਹਾ

ਕਿ ਇਸ ਨਾਲ ਬੇਰੁਜ਼ਗਾਰੀ ਬਾਰੇ ਝੂਠਾ ਪ੍ਰਚਾਰ ਕਰਨ ਵਾਲਿਆਂ ਨੂੰ ਕਰਾਰਾ ਜਵਾਬ ਦਿੱਤਾ ਗਿਆ ਏ। ਉਨ੍ਹਾਂ ਨੇ ਕੱਲ੍ਹ ਮੁੰਬਈ ਵਿੱਚ ਭਾਰਤੀ ਰਿਜ਼ਰਵ ਬੈਂਕ ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਕਿਹਾ ਕਿ ਦੇਸ਼ ਵਿੱਚ, ਹੁਨਰ ਵਿਕਾਸ ਅਤੇ ਰੁਜ਼ਗਾਰ ਦੀ ਲੋੜ ਏ ਅਤੇ ਕੇਂਦਰ ਸਰਕਾਰ ਇਸ ਦਿਸ਼ਾ ਵਿੱਚ ਕੰਮ ਕਰ ਰਹੀ ਏ। ਇੱਕ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਨੇ ਸੜਕ, ਰੇਲਵੇ ਅਤੇ ਬੰਦਰਗਾਹ ਵਿਕਾਸ ਨਾਲ ਸਬੰਧਤ 29 ਹਜ਼ਾਰ ਕਰੋੜ ਰੁਪਏ ਦੇ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ 'ਤੇ ਹਮਲੇ ਦੀ ਸਖ਼ਤ ਨਿੰਦਾ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਰਾਜਨੀਤੀ ਅਤੇ ਲੋਕਤੰਤਰ ਵਿੱਚ ਹਿੰਸਾ ਲਈ ਕੋਈ ਥਾਂ ਨਹੀਂ ਏ। ਸ੍ਰੀ ਟਰੰਪ ਦੀ ਹਾਲਤ ਵਿੱਚ ਤੇਜ਼ੀ ਨਾਲ ਸੁਧਾਰ ਦੀ ਕਾਮਨਾ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੇ ਲੋਕ, ਪੀੜਤ ਪਰਿਵਾਰ, ਜ਼ਖ਼ਮੀਆਂ ਅਤੇ ਅਮਰੀਕੀ ਲੋਕਾਂ ਦੇ ਨਾਲ ਨੇ। ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਬੀਤੀ ਰਾਤ, ਪੈਨਸਿਲ-ਵੇਨੀਆ ਵਿੱਚ ਇੱਕ ਚੋਣ ਰੈਲੀ

ਦੌਰਾਨ, ਗੋਲੀ ਲੱਗਣ ਨਾਲ ਜ਼ਖਮੀ ਹੋ ਗਏ ਸਨ। ਆਲਮੀ ਨੇਤਾਵਾਂ ਨੇ ਵੀ ਸਾਬਕਾ ਅਮਰੀਕੀ ਰਾਸ਼ਟਰਪਤੀ ਟਰੰਪ 'ਤੇ ਹਮਲੇ ਦੀ ਨਿੰਦਾ ਕੀਤੀ ਏ।

---------------------------------------------------------

ਖਪਤਕਾਰ ਮਾਮਲਿਆਂ ਬਾਰੇ ਵਿਭਾਗ ਨੇ ਪੈਕਟ ਬੰਦ ਸਮਾਨ ਵਿੱਚ ਇਕਸਾਰਤਾ ਬਣਾਈ ਰੱਖਣ ਲਈ ਕਾਨੂੰਨੀ ਮੈਟਰੋਲੋਜੀ (ਪੈਕੇਜਡ ਵਸਤੂਆਂ) ਬਾਰੇ ਨਿਯਮ, 2011 ਵਿੱਚ ਸੋਧਾਂ ਦੀ ਤਜ਼ਵੀਜ ਕੀਤੀ ਏ। ਸੋਧ ਵਿੱਚ ਪ੍ਰਚੂਨ ਵਿਕਰੀ ਲਈ ਪਹਿਲਾ ਤੋਂ ਪੈਕ ਕੀਤੇ ਸਾਮਾਨ ਦੀ ਸਾਰੀ ਜਾਣਕਾਰੀ ਆਫਲਾਈਨ ਅਤੇ ਔਨਲਾਈਨ ਪਲੇਟਫਾਰਮਾਂ ਦੋਵਾਂ 'ਤੇ ਐਲਾਨ ਕਰਨਾ ਲਾਜ਼ਮੀ ਬਣਾਉਣ ਦੀ ਤਜ਼ਵੀਜ ਏ। ਖਪਤਕਾਰ ਮਾਮਲਿਆਂ ਬਾਰੇ ਮੰਤਰਾਲੇ ਨੇ ਕਿਹਾ ਕਿ ਇਸ ਸੋਧ ਨਾਲ, ਪੈਕ ਕੀਤੇ ਸਾਮਾਨ ਲਈ ਇਕਸਾਰ ਮਾਪਦੰਡ ਨਿਰਧਾਰਤ ਕਰਨ ਵਿੱਚ ਮਦਦ ਕਰੇਗੀ, ਜਿਸ ਨਾਲ ਵੱਖ-ਵੱਖ ਬ੍ਰਾਂਡਾਂ ਅਤੇ ਉਤਪਾਦਾਂ ਵਿੱਚ ਇਕਸਾਰਤਾ ਅਤੇ ਨਿਰਪੱਖਤਾ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਮੰਤਰਾਲੇ ਨੇ ਕਿਹਾ ਏ ਕਿ ਨਵੇਂ ਨਿਯਮ ਉਦਯੋਗਿਕ ਖਪਤਕਾਰਾਂ ਜਾਂ ਸੰਸਥਾਗਤ ਖਪਤਕਾਰਾਂ ਲਈ ਪੈਕੇਜਡ ਸਾਮਾਨ 'ਤੇ ਲਾਗੂ ਨਹੀਂ ਹੋਣਗੇ।

---------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ । ਲੁਧਿਆਣਾ ਅਤੇ ਬਰਨਾਲਾ ਦੇ ਕਾਨੂੰਨ ਮਾਹਰ ਇਸ ਵਿਚ ਸਮੇਂ ਮੁਤਾਬਕ ਕੀਤੀਆਂ ਤਬਦੀਲੀਆਂ ਦੀ ਸ਼ਲਾਘਾ ਕਰਦੇ ਨੇ ।

--------------------------------------------------

ਕੇਂਦਰੀ ਸੰਚਾਰ ਮੰਤਰਾਲੇ ਤਹਿਤ ਦੂਰਸੰਚਾਰ ਵਿਭਾਗ ਨੇ, ਨਾਗਰਿਕਾਂ ਨੂੰ ਅਜਿਹੀਆਂ ਫਰਜ਼ੀ ਕਾਲਾਂ 'ਤੇ ਧਿਆਨ ਨਾ ਦੇਣ ਦੀ ਸਲਾਹ ਦਿੱਤੀ ਏ, ਜਿਸ ਵਿੱਚ ਕਾਲ ਕਰਨ ਵਾਲੇ ਮੋਬਾਈਲ ਨੰਬਰਾਂ ਨੂੰ ਕੱਟਣ ਦੀ ਧਮਕੀ ਦਿੰਦੇ ਨੇ। ਵਿਭਾਗ ਨੇ ਵਿਦੇਸ਼ੀ ਮੂਲ ਦੇ ਮੋਬਾਈਲ ਨੰਬਰਾਂ ਤੋਂ ਸਰਕਾਰੀ ਅਧਿਕਾਰੀਆਂ ਦੇ ਨਾਂ 'ਤੇ ਲੋਕਾਂ ਨੂੰ ਧੋਖਾ ਦੇਣ ਵਾਲੇ, ਵਟਸਅੱਪ ਕਾਲਾਂ ਬਾਰੇ ਵੀ ਇੱਕ ਸਲਾਹ ਜਾਰੀ ਕੀਤੀ ਸੀ।

--------------------------------------------------

ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਨਵੀਂ ਦਿੱਲੀ ਵਿਖੇ ਰਾਇਲ ਡੈਨਿਸ਼ ਅੰਬੈਸੀ ਦੇ ਰਾਜਦੂਤ ਫਰੈਡੀ ਸਵੈਨ ਨਾਲ ਮੀਟਿੰਗ ਕੀਤੀ । ਪੰਜਾਬ ਅਤੇ ਡੈਨਮਾਰਕ ਦਰਮਿਆਨ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਵਪਾਰ ਲਈ ਸੰਭਾਵੀ ਸਹਿਯੋਗ ਬਾਰੇ

ਗੱਲਬਾਤ 'ਤੇ ਕੇਂਦਰਿਤ, ਇਸ ਉੱਚ-ਪੱਧਰੀ ਮੀਟਿੰਗ ਦੌਰਾਨ, ਚੇਤਨ ਸਿੰਘ ਜੌੜਾਮਾਜਰਾ ਅਤੇ ਡੈਨਮਾਰਕ ਦੇ ਰਾਜਦੂਤ ਸਵੈਨ ਨੇ ਆਪਸੀ ਹਿੱਤਾਂ ਦੇ ਵੱਖ-ਵੱਖ ਖੇਤਰਾਂ ਬਾਰੇ, ਖੁਲ੍ਹੀ ਵਿਚਾਰ-ਚਰਚਾ ਕੀਤੀ। ਮੀਟਿੰਗ ਦੌਰਾਨ ਦੋਹਾਂ ਆਗੂਆਂ ਨੇ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਆਪੋ-ਆਪਣੇ ਖੇਤਰਾਂ ਦੀਆਂ ਸਮਰੱਥਾਵਾਂ ਦਾ ਲਾਭ ਉਠਾਉਣ 'ਤੇ ਜ਼ੋਰ ਦਿੱਤਾ ਤੇ ਸਹਿਯੋਗ ਦੀਆਂ ਸੰਭਾਵਨਾਵਾਂ ਬਾਰੇ ਗੱਲਬਾਤ ਕੀਤੀ ਗਈ, ਜਿਸ ਵਿੱਚ ਪਾਏਦਾਰ ਖੇਤੀ ਅਤੇ ਬਾਗ਼ਬਾਨੀ ਖੇਤਰ ‘ਚ ਨਵੀਆਂ ਤਕਨੀਕਾਂ, ਖੁਰਾਕ ਪ੍ਰੋਸੈਸਿੰਗ, ਬਾਇਓ-ਗੈਸ ਖੇਤਰ ਦੇ ਵਿਕਾਸ, ਧਰਤੀ ਹੇਠਲੇ ਪਾਣੀ ਦੇ ਪ੍ਰਬੰਧਨ, ਕੁਸ਼ਲ ਸਿੰਜਾਈ ਤਕਨੀਕਾਂ, ਜਲ ਸੰਭਾਲ ਉਦਮਾਂ ਅਤੇ ਡੇਅਰੀ ਖੇਤਰ ਵਿੱਚ ਸਹਿਯੋਗ ਸ਼ਾਮਲ ਰਿਹਾ। ਰਾਜਦੂਤ ਸਵੈਨ ਨੇ ਪਾਏਦਾਰ ਖੇਤੀ ਤਕਨੀਕਾਂ, ਨਵਿਆਉਣਯੋਗ ਊਰਜਾ ਤਕਨੀਕਾਂ ਅਤੇ ਜਲ ਪ੍ਰਬੰਧਨ ਵਿੱਚ ਡੈਨਮਾਰਕ ਦੀ ਮੁਹਾਰਤ ਬਾਰੇ ਜਾਣਕਾਰੀ ਦੇਂਦੇ ਹੋਏ ਪੰਜਾਬ ਨਾਲ ਸੰਭਾਵੀ ਸਹਿਯੋਗ ਵਿੱਚ ਡੂੰਘੀ ਦਿਲਚਸਪੀ ਜ਼ਾਹਿਰ ਕੀਤੀ।

---------------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਸੰਗਠਿਤ ਅਪਰਾਧ ਦੇ ਖਿਲਾਫ ਕਾਰਵਾਈ ਕਰਦਿਆਂ, ਕੈਨੇਡਾ ਸਥਿਤ ਅੱਤਵਾਦੀ ਲਖਬੀਰ ਲੰਡਾ

ਦੇ 5 ਹੋਰ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਐਕਸ 'ਤੇ ਇਸ ਸਬੰਧੀ ਪੋਸਟ ਸਾਂਝੀ ਕਰਕੇ ਜਾਣਕਾਰੀ ਦਿੱਤੀ ਏ । ਉਨ੍ਹਾਂ ਦਸਿਆ ਕਿ ਅਗਲੇ-ਪਿਛਲੇ ਸਬੰਧਾਂ ਦੀ ਪੜਤਾਲ ਤੋਂ ਬਾਅਦ, ਲੰਡਾ ਗੈਂਗ ਦੀਆਂ ਕੁੱਲ 13 ਗ੍ਰਿਫਤਾਰੀਆਂ ਹੋ ਗਈਆਂ ਨੇ। ਇਨ੍ਹਾਂ ਕੋਲੋਂ 3 ਪਿਸਤੌਲਾਂ ਵੀ ਬਰਾਮਦ ਹੋਈਆਂ ਨੇ । DGP ਨੇ ਦੱਸਿਆ ਕਿ ਕੈਨੇਡਾ ਸਥਿਤ ਗੈਂਗਸਟਰ ਲਖਬੀਰ ਲੰਡਾ ਦੇ 5 ਸਾਥੀਆਂ ਨੂੰ ਹਥਿਆਰਾਂ ਸਮੇਤ ਕਾਬੂ ਕਰ ਲਿਆ ਗਿਆ ਏ । ਇਹ ਮੁਲਜ਼ਮ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਕਤਲ, ਫਿਰੌਤੀ ਸਮੇਤ ਕਈ ਘਿਨਾਉਣੇ ਅਪਰਾਧਾਂ ਤੇ ਗਤੀਵਿਧੀਆਂ ਵਿੱਚ ਸ਼ਾਮਲ ਨੇ । ਉਨ੍ਹਾਂ ਦਸਿਆ ਕਿ ਜਲੰਧਰ ਪੁਲਿਸ ਨੇ ਫੜੇ ਗਏ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰ ਲਿਆ ਏ । ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਏ ।

---------------------------------------------------

ਓਧਰ ਗੁਰਦਾਸਪੁਰ ਦੇ ਸੀ.ਆਈ.ਏ ਸਟਾਫ ਨੇ ਰਾਮ ਸ਼ਰਨਮ ਕਲੋਨੀ ਵਿਖੇ ਜੂਆ ਖੇਡਦੇ 4 ਜੁਆਰੀਆਂ ਨੂੰ ਰੰਗੇ ਹੱਥੀਂ ਲੱਖਾਂ ਰੁਪਏ ਦੀ ਨਕਦੀ ਸਮੇਤ ਗ੍ਰਿਫਤਾਰ ਕੀਤਾ ਏ । ਐਸ.ਪੀ.-ਡੀ ਬਲਵਿੰਦਰ ਸਿੰਘ ਨੇ ਦੱਸਿਆ ਕਿ ਸੀ.ਆਈ.ਏ ਸਟਾਫ ਨੇ, ਰਾਮ ਸ਼ਰਨਮ ਕਲੋਨੀ ਦੇ ਇਕ ਮਕਾਨ ਵਿਚ

ਕੁੱਝ ਵਿਅਕਤੀਆਂ ਵਲੋਂ ਜੂਆ ਖੇਡਣ ਬਾਰੇ ਖਾਸ ਇਤਲਾਹ ਤੇ ਕਾਰਵਾਈ ਕਰਦਿਆਂ ਇਨ੍ਹਾਂ ਨੂੰ ਕਾਬੂ ਕੀਤਾ ਏ । ਇਨ੍ਹਾਂ ਦੀ ਪਛਾਣ ਵਿਸਾਲ ਸ਼ਰਮਾ, ਚੇਤਨ ਉਹਰੀ, ਹਰਜੀਤ ਮੱਕੋ, ਅਤੇ ਲਖਵਿੰਦਰ ਉਰਫ ਸ਼ਿੰਦ ਵਜੋਂ ਹੋਈ ਏ ਇਹ ਸਾਰੇ ਗੁਰਦਾਸਪੁਰ ਦੇ ਹੀ ਰਹਿਣ ਵਾਲੇ ਨੇ। ਪੁਲਿਸ ਨੇ ਮੌਕੇ ਤੋਂ ਕੁੱਲ 5 ਲੱਖ 28 ਹਜਾਰ ਨਕਦੀ ਬਰਾਮਦ ਕੀਤੀ। ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ ।

---------------------------------------------------------------

ਰੋਇੰਗ ਫੈਡਰੇਸ਼ਨ ਆਫ਼ ਇੰਡੀਆ ਦੀ ਪਹਿਲਕਦਮੀਂ ’ਤੇ ਸੱਤਵੀਂ ਇਨਡੋਰ ਰੋਇੰਗ ਕੌਮੀਂ ਚੈਪੀਅਨਸ਼ਿੱਪ ਮੋਗਾ ਵਿਖੇ ਕਰਵਾਈ ਗਈ । ਇਹਨਾਂ ਕੌਮੀ ਮੁਕਾਬਲਿਆਂ ਵਿਚ ਦੇਸ਼ ਦੇ 24 ਸੂਬਿਆਂ ਵਿਚੋਂ 432 ਪ੍ਰਤੀਯੋਗੀਆਂ ਨੇ ਹਿੱਸਾ ਲਿਆ। ਤਿੰਨ ਰੋਜ਼ਾ ਚੱਲੀ ਚੈਪਿਅਨਸ਼ਿੱਪ ਤਹਿਤ ਕੁੱਲ 20 ਪ੍ਰਤੀਯੋਗਿਤਾਵਾਂ ਕਰਵਾਈਆਂ ਗਈਆਂ, ਜਿਹਨਾਂ ਵਿਚ ਸੀਨੀਅਰ, ਜੂਨੀਅਰ , ਸਬ ਜੂਨੀਅਰ ਅਤੇ ਮਿਕਸ ਮੁਕਾਬਲਿਆਂ ਵਿਚ ਸਿੰਗਲ ਅਤੇ ਪੇਅਰ ਮੁਕਾਬਲੇ ਕਰਵਾਏ ਗਏ। ਚੈਪਿਅਨਸ਼ਿੱਪ ਵਿਚ ਕਰਨਲ ਪ੍ਰਵੀਨ ਕੁਮਾਰ ਓਬਰਾਏ ਅਰਜੁਨ ਐਵਾਰਡੀ ਵਿਸ਼ੇਸ਼ ਤੌਰ ‘ਤੇ ਪਹੁੰਚੇ । ਪੰਜਾਬ ਰੋਇੰਗ ਐਸੋਸੀਏਸ਼ਨ ਦੇ

ਮੀਤ ਪ੍ਰਧਾਨ ਗੁਰਸਾਗਰ ਸਿੰਘ ਨੱਕਈ, ਜਨਰਲ ਸਕੱਤਰ ਜਸਵੀਰ ਸਿੰਘ ਅਤੇ ਕੋਚ ਗੁਰਮੇਲ ਸਿੰਘ ਇੰਡਆ ਨੇ ਉਹਨਾਂ ਦਾ ਸਵਾਗਤ ਨੇ ਕੀਤਾ । ਕੋਚ ਅਭਿਨਵ ਨੇ ਦੱਸਿਆ ਕਿ ਇਹਨਾਂ ਮੁਕਾਬਲਿਆਂ ਦੌਰਾਨ, ਸਮੁੰਦਰੀ ਫ਼ੌਜ ਦੇ ਸਤਨਾਮ ਸਿੰਘ ਅਤੇ ਪਰਮਿੰਦਰ ਸਿੰਘ ਨੇ, ਕੌਮੀਂ ਰਿਕਾਰਡ ਤੋੜ ਕੇ ਨਵਾਂ ਰਿਕਾਰਡ ਸਿਰਜਿਆ ਏ। ਇਸ ਮੌਕੇ ਮਨਜਿੰਦਰ ਸਿੰਘ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਉਹ, ਭਵਿੱਖ ਵਿਚ ਦੇਸ਼ ਦਾ ਨਾਮ ਰੋਸ਼ਨ ਕਰਨ ਦੀ ਪੂਰੀ ਕੋਸ਼ਿਸ਼ ਕਰਨਗੇ ।